ਐਸ.ਐਸ.ਪੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਸਾਈਬਰ ਕਰਾਇਮ ਪੁਲਿਸ ਸਟੇਸ਼ਨ, ਸ੍ਰੀ ਮੁਕਤਸਰ ਸਾਹਿਬ ਦਾ ਕੀਤਾ ਉਦਘਾਟਨ

ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਲੋਕਾਂ ਦੀਆਂ ਸਾਈਬਰ ਕਰਾਇਮ ਨਾਲ ਸਬੰਧਤ ਸ਼ਿਕਾਇਤਾਂ ਦੇ ਨਿਪਟਾਰੇ ਲਈ ਸਾਈਬਰ ਕਰਾਇਮ ਪੁਲਿਸ ਸਟੇਸ਼ਨ ਸਥਾਪਿਤ




ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ.ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ, ਸ੍ਰੀ ਗੋਰਵ ਯਾਦਵ ਆਈ.ਪੀ.ਐਸ., ਡੀ.ਜੀ.ਪੀ, ਪੰਜਾਬ ਅਤੇ ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ. ਆਈ.ਜੀ.ਪੀ ਫਰੀਦਕੋਟ ਰੇਂਜ, ਫਰੀਦਕੋਟ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਦਿਨੋਂ ਦਿਨ ਵੱਧ ਰਹੇ ਆਨਲਾਈਨ ਫਰਾਡ/ਕਰਾਇਮ ਨਾਲ ਨਜਿੱਠਣ ਲਈ ਅਤੇ ਆਮ ਪਬਲਿਕ ਦੀਆਂ ਸ਼ਿਕਾਇਤਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਲਈ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਸਾਈਬਰ ਕਰਾਇਮ ਪੁਲਿਸ ਸਟੇਸ਼ਨ ਸਥਾਪਿਤ ਕੀਤਾ ਗਿਆ। ਜਿਸ ਦਾ ਅੱਜ ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ. ਵੱਲੋਂ ਉਦਘਾਟਨ ਕੀਤਾ ਗਿਆ। ਇਹ ਥਾਣਾ ਜਿਲ੍ਹਾ ਪੁਲਿਸ ਹੈਡਕੁਆਟਰ, ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ ਵਿਖੇ ਬਣਾਇਆ ਗਿਆ ਹੈ। ਇਸ ਮੋਕੇ ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ(ਐਚ), ਸ੍ਰੀ ਨਵੀਨ ਕੁਮਾਰ ਡੀ.ਐਸ.ਪੀ, ਇੰਸ: ਰਾਜਵੀਰ ਕੌਰ, ਐਸ.ਆਈ ਰਾਵਿੰਦਰ ਕੌਰ ਵੀ ਹਾਜ਼ਰ ਸਨ।